# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 02-09-2025**

## ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਭਾਰਤ ਇੱਕ ਮਜ਼ਬੂਤ ਸੈਮੀ-ਕੰਡਕਟਰ ਈਕੋਸਿਸਟਮ ਬਣਾ ਰਿਹਾ ਏ, ਜੋ ਦੇਸ਼ ਨੂੰ ਆਤਮ-ਨਿਰਭਰ ਅਤੇ ਆਲਮੀ ਪੱਧਰ 'ਤੇ ਮੁਕਾਬਲੇ ਵਾਲਾ ਬਣਾਏਗਾ।
- ਮੌਸਮ ਵਿਭਾਗ ਵਲੋਂ ਪੰਜਾਬ ਵਿੱਚ ਕਈ ਥਾਵਾਂ 'ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦੀ ਚੇਤਾਵਨੀ-
- ਭਾਖੜਾ ਡੈਮ ਤੇ ਰੋਪੜ ਹੈੱਡ ਵਰਕਸ ਸਮੇਤ ਵੱਖ-ਵੱਖ ਡੈਮਾਂ ਤੋਂ ਪਾਣੀ ਛੱਡਣ ਅਤੇ ਭਾਰੀ ਬਾਰਿਸ਼ ਨਾਲ ਪਟਿਆਲਾ ਅਤੇ ਜਲੰਧਰ ਦੇ ਕੁਝ ਹਿੱਸੇ ਵੀ ਪ੍ਰਭਾਵਿਤ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਫਿਰੋਜ਼ਪੁਰ ਅਤੇ ਤਰਨਤਾਰਨ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ- ਜ਼ਿਲ੍ਹਾ ਅਧਿਕਾਰੀਆਂ ਤੇ BSF ਅਫ਼ਸਰਾਂ ਨਾਲ ਕੀਤੀ ਵਿਸ਼ੇਸ਼ ਮੀਟਿੰਗ।
- ਪੰਜਾਬ ਦੇ ਮੁੱਖ ਮੰਤਰੀ ਵੱਲੋਂ ਕੇਂਦਰ ਸਰਕਾਰ ਤੋਂ ਕੁਦਰਤੀ ਆਫ਼ਤਾਂ ਕਾਰਨ ਹੋਏ ਨੁਕਸਾਨ ਦਾ ਮੁਆਵਜ਼ਾ ਵਧਾਉਣ ਦੀ ਮੰਗ।
- ਪੰਜਾਬ ਪੁਲਿਸ ਨੇ ਜੈਸ਼-ਏ-ਮੁਹੰਮਦ ਨਾਲ ਜੁੜੇ ਇੱਕਦ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਜੰਮੂ-ਕਸ਼ਮੀਰ ਤੋਂ ਦੋ ਭਰਾਵਾਂ ਨੂੰ ਉਨ੍ਹਾਂ ਦੇ ਸਾਥੀ ਸਮੇਤ ਕੀਤਾ ਗ੍ਰਿਫ਼ਤਾਰ।

## ਹੁਣ ਖ਼ਬਰਾਂ ਵਿਸਥਾਰ ਨਾਲ....

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਭਾਰਤ ਇੱਕ ਮਜ਼ਬੂਤ ਸੈਮੀ-ਕੰਡਕਟਰ ਈਕੋਸਿਸਟਮ ਬਣਾ ਰਿਹਾ ਏ ਜੋ ਦੇਸ਼ ਨੂੰ ਆਤਮ-ਨਿਰਭਰ ਅਤੇ ਆਲਮੀ ਪੱਧਰ 'ਤੇ ਪ੍ਰਤੀਯੋਗੀ ਬਣਾਏਗਾ। ਨਵੀਂ ਦਿੱਲੀ ਵਿੱਚ ਸੈਮੀਕੰਡਕਟਰ ਇੰਡੀਆ ਪ੍ਰੋਗਰਾਮ ਵਿੱਚ ਬੋਲਦਿਆਂ, ਸ੍ਰੀ ਮੋਦੀ ਨੇ

ਕਿਹਾ ਕਿ ਆਲਮੀ  ਸੈਮੀਕੰਡਕਟਰ ਬਾਜ਼ਾਰ ਪਹਿਲਾਂ ਹੀ 600 ਅਰਬ ਡਾਲਰ ਤੱਕ ਪਹੁੰਚ ਚੁਕਾ ਏ  ਅਤੇ ਆਉਣ ਵਾਲੇ ਸਾਲਾਂ ਵਿੱਚ ਇੱਕ ਟ੍ਰਿਲੀਅਨ ਡਾਲਰ ਨੂੰ ਪਾਰ ਕਰਨ ਦੀ ਉਮੀਦ ਏ।  ਉਨ੍ਹਾਂ ਕਿਹਾ ਕਿ ਭਾਰਤ ਘਰੇਲੂ ਤੌਰ 'ਤੇ ਬਣਾਈਆਂ  ਚਿਪਸ ਰਾਹੀਂ ਉੱਭਰ ਰਹੀਆਂ ਤਕਨਾਲੋਜੀਆਂ ਨੂੰ ਸਸ਼ਕਤ ਬਣਾਉਣ 'ਤੇ ਕੇਂਦ੍ਰਿਤ ਏ।

**BYTE**

---------------------------------------------------------------

ਪੰਜਾਬ ਵਿਚ ਹੜਾਂ ਦਾ ਕਹਿਰ ਲਗਾਤਾਰ ਜਾਰੀ ਏ । ਪਹਾੜੀ ਇਲਾਕਿਆਂ ਵਿਚ ਇਕ ਵਾਰ ਫੇਰ ਤੋਂ ਭਾਰੀ ਮੀਂਹ ਨੂੰ ਲੈਕੇ ਜਾਰੀ ਅਲਰਟ ਨੇ, ਸੂਬੇ ਦੇ ਲੋਕਾਂ ਦੀਆਂ ਚਿੰਤਾਵਾਂ ਵਧਾ ਦਿਤੀਆਂ ਨੇ। ਪੰਜਾਬ ਦੇ ਗੁਰਦਸਪੂਰ, ਹੋਸ਼ਿਆਰਪੁਰ, ਅੰਮ੍ਰਿਤਸਰ, ਕਪੂਰਥਲਾ, ਫਾਜ਼ਿਲਕਾ, ਸਮੇਤ ਹੜ ਪ੍ਰਭਾਵਿਤ ਹੋਰਨਾਂ ਕਈ ਜ਼ਿਲਿਆਂ ਵਿਚ ਭਾਰਤੀ ਫੌਜ,ਹਵਾਈ ਫੌਜ , BSF, NDRF, SDRF ,ਸਰਕਾਰ ਸਮਾਜ ਸੇਵੀ ਸੰਸਥਾਵਾਂ ਤੇ ਲੋਕਾਂ ਵਲੋਂ ਭਾਵੇਂ ਰਾਹਤ ਅਤੇ ਬਚਾਅ ਕਾਰਜ ਜਾਰੀ ਨੇ ,ਪਰ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਮੁਸ਼ਕਿਲਾਂ ਹੋਰ ਵੱਧ ਰਹੀਆਂ ਨੇ ।

## ਵੇਰਵੇ ਨਾਲ ਇਕ ਰਿਪੋਰਟ :

ਪੰਜਾਬ ਵਿੱਚ ਮੌਸਮ ਵਿਭਾਗ ਵਲੋਂ ਕਈ ਥਾਵਾਂ 'ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦੀ ਚੇਤਾਵਨੀ  ਅਤੇ ਭਾਖੜਾ ਡੈਮ ਤੇ ਰੋਪੜ ਹੈੱਡ ਵਰਕਸ ਸਮੇਤ ਵੱਖ-ਵੱਖ ਡੈਮਾਂ ਤੋਂ ਪਾਣੀ ਛੱਡਣ ਦੇ ਨਾਲ-ਨਾਲ ਘੱਗਰ, ਮਾਰਕੰਡਾ ਅਤੇ ਟਾਂਗਰੀ ਨਦੀਆਂ ਦੇ ਓਵਰਫਲੋਅ ਹੋਣ ਨਾਲ ਪਟਿਆਲਾ ਅਤੇ ਜਲੰਧਰ ਦੇ ਕੁਝ ਹਿੱਸੇ ਵੀ ਪ੍ਰਭਾਵਿਤ ਹੋਣੇ ਸ਼ੁਰੂ ਹੋ ਗਏ ਹਨ। ਵੱਖ-ਵੱਖ ਜ਼ਿਲ੍ਹਿਆਂ ਦੇ ਜ਼ਿਲ੍ਹਾ ਪ੍ਰਸ਼ਾਸਨ ਨੇ ਸਤਲੁਜ, ਰਾਵੀ ਅਤੇ ਬਿਆਸ ਦੇ ਕੰਢਿਆਂ ਦੇ ਨੇੜੇ ਰਹਿਣ ਵਾਲੇ ਲੋਕਾਂ ਨੂੰ ਸਾਵਧਾਨ ਕੀਤਾ ਹੈ।

ਗੁਰਦਾਸਪੁਰ, ਫਿਰੋਜ਼ਪੁਰ, ਫਾਜ਼ਿਲਕਾ, ਕਪੂਰਥਲਾ, ਹੁਸ਼ਿਆਰਪੁਰ, ਅੰਮ੍ਰਿਤਸਰ ਦੇ ਕੁਝ ਹਿੱਸਿਆਂ ਦੇ ਲੋਕ ਪਹਿਲਾਂ ਹੀ ਹੜ੍ਹਾਂ ਦਾ ਸਾਹਮਣਾ ਕਰ ਰਹੇ ਹਨ।

ਫਿਰੋਜ਼ਪੁਰ ਰੇਲਵੇ ਡਿਵੀਜ਼ਨ ਨੇ ਜਲੰਧਰ ਜ਼ਿਲ੍ਹੇ ਦੇ ਗਿੱਦੜਪਿੰਡੀ ਅਤੇ ਫਿਰੋਜ਼ਪੁਰ ਜ਼ਿਲ੍ਹੇ ਦੇ ਮੱਖੂ ਵਿਚਕਾਰ ਕੁਝ ਰੇਲਗੱਡੀਆਂ ਰੱਦ ਕਰ ਦਿੱਤੀਆਂ ਹਨ ਕਿਉਂਕਿ ਸਤਲੁਜ ਦਾ ਪਾਣੀ ਇਸ ਰੂਟ 'ਤੇ ਪੁਲ ਨੰਬਰ 84 ਤੱਕ ਪਹੁੰਚਣਾ ਸ਼ੁਰੂ ਹੋਗਿਆ ਏ।

ਰਾਜ ਵਿੱਚ ਬਚਾਅ ਅਤੇ ਰਾਹਤ ਕਾਰਜ ਜੰਗੀ  ਪੱਧਰ  ਤੇ  ਜਾਰੀ ਹਨ  ਭਾਰਤੀ ਫੌਜ, ਹਵਾਈ ਸੈਨਾ, ਬੀਐਸਐਫ, ਐਨਡੀਆਰਐਫ ਅਤੇ ਹੋਰ ਗੈਰ-ਸਰਕਾਰੀ ਸੰਗਠਨਾਂ ਦੇ ਕਰਮਚਾਰੀ ਹੜ੍ਹ ਪ੍ਰਭਾਵਿਤ ਸਾਰਿਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣਾ ਯਕੀਨੀ ਬਣਾ ਰਹੇ ਹਨ।

---------------------------------------------------

ਓਧਰ ਸਤਲੁਜ ਦਰਿਆ ਵਿੱਚ ਪਾਣੀ ਤਾਂ ਪੱਧਰ ਵਧਣ ਲੱਗੇ ਕਰਕੇ ਚਮਕੋਰ ਸਾਹਿਬ ਇਲਾਕੇ ਦੇ ਵਿੱਚ ਪਿੰਡ ਦਾਊਦਪੁਰ ਅਤੇ ਪਿੰਡ ਫੱਸੇ ਵਿਖੇ ਸਤਲੁਜ ਦਰਿਆ ਦੇ ਕਿਨਾਰੇ ਨੂੰ ਖੋਰਾ ਲੱਗਣਾ ਸ਼ੁਰੂ ਹੋ ਚੁੱਕਾ ਸੀ ਅਤੇ ਬੀਤੇ ਸ਼ਾਮ ਤੋਂ ਉਸ ਨੂੰ ਪੂਰਨ ਦਾ ਕੰਮ ਵੀ ਸ਼ੁਰੂ ਕੀਤਾ ਗਿਆ ਅਤੇ ਪ੍ਰਸ਼ਾਸਨ ਦੇ ਨਾਲ ਨਾਲ ਇਲਾਕਾ ਨਿਵਾਸੀ ਕਿਨਾਰਿਆਂ ਦੀ ਮੁਰੰਮਤ ਦਾ ਕੰਮ ਲਗਾਤਾਰ ਕਰ ਰਹੇ ਨੇ । ਡਿਪਟੀ ਕਮਿਸ਼ਨਰ ਵਰਜੀਤ ਵਾਲਿਆ ਨੇ ਵੇਰਵੇ ਸਾਂਝੇ ਕਰਦਿਆਂ ਦੱਸਿਆ ।

**BYTE**

ਐਸ.ਐਸ.ਪੀ ਲੋਕਾਂ ਨੂੰ ਦਰਿਆਵਾਂ ਦੇ ਕੰਢੇ ਜਾਂ ਜਿੱਥੇ ਬੰਨਾਂ ਨੂੰ ਨੁਕਸਾਨ ਹੋ ਰਿਹਾ ਏ ਉੱਥੇ ਜਾ ਕੇ ਭੀੜ ਇਕੱਠੀ ਨਾ ਕਰਨ ਦੀ ਅਪੀਲ ਕੀਤੀ ਏ ।

---

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਨੇ ਅੱਜ ਬਲਾਕ ਸ਼ਾਹਕੋਟ ਦੇ ਪਿੰਡ ਫਤਿਹਪੁਰ ਦਾ ਦੌਰਾ ਕਰਕੇ ਸਤਲੁਜ

ਦਰਿਆ ਕਿਨਾਰੇ ਹਾਲਾਤ ਅਤੇ ਬੰਨ੍ਹ ਦੀ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਜ਼ਿਲ੍ਹੇ ਵਿੱਚ ਹੜ੍ਹ ਵਰਗੀ ਕਿਸੇ ਵੀ ਸਥਿਤੀ ਨੂੰ ਰੋਕਣ ਲਈ ਆਪਣੇ ਸਰਬ-ਉੱਤਮ ਯਤਨ ਕਰਨ ਦੇ ਨਾਲ-ਨਾਲ ਲੋਕਾਂ ਦੀ ਭਲਾਈ ਲਈ 24 ਘੰਟੇ ਕੰਮ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਅੱਜ ਚਿੱਟੀ ਵੇਈਂ ਵਿੱਚ ਪਾਣੀ ਦਾ ਪੱਧਰ ਵੱਧਣ ਕਰਕੇ ਵੱਖ-ਵੱਖ ਪਿੰਡਾਂ ਦਾ ਦੌਰਾ ਵੀ ਕੀਤਾ । ਡਾ.ਅਗਰਵਾਲ ਨੇ ਸਥਾਨਕ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਸੇ ਵੀ ਹੜ੍ਹਾਂ ਵਰਗੀ ਸਥਿਤੀ ਵਿੱਚ ਪੰਜਾਬ ਸਰਕਾਰ ਵਲੋਂ ਸਮੇਂ ਸਿਰ ਹਰ ਸਹਾਇਤਾ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਿਪਟਣ ਲਈ ਪਹਿਲਾਂ ਹੀ ਪੁਖ਼ਤਾ ਇੰਤਜ਼ਾਮ ਕੀਤੇ ਗਏ ਨੇ । ਉਨ੍ਹਾਂ ਕਿਹਾ ਕਿ ਜੇਕਰ ਲੋੜ ਪਈ ਤਾਂ ਲੋਕਾਂ ਨੂੰ ਸੁਰੱਖਿਅਤ ਰਾਹਤ ਕੈਂਪਾਂ ਵਿੱਚ ਪਹੁੰਚਾਉਣ ਲਈ ਐਨ.ਡੀ.ਆਰ.ਐਫ. ਦੀਆਂ ਟੀਮਾਂ ਪਹਿਲਾਂ ਹੀ ਢੁੱਕਵੀਆਂ ਥਾਵਾਂ ’ਤੇ ਤਾਇਨਾਤ ਨੇ । ਡਿਪਟੀ ਕਮਿਸ਼ਨਰ ਨੇ ਜ਼ੋਰ ਦਿੰਦਿਆਂ ਕਿਹਾ ਕਿ ਲੋਕਾਂ ਦੇ ਜਾਨ ਤੇ ਮਾਲ ਦੀ ਰੱਖਿਆ ਕਰਨ ਲਈ ਸਾਂਝੇ ਉਪਰਾਲੇ ਬਹੁਤ ਜ਼ਰੂਰੀ ਨੇ ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨੀਵੇਂ ਅਤੇ ਹੜ੍ਹ ਸੰਭਾਵਿਤ ਇਲਾਕਿਆਂ ਦੇ ਲੋਕਾਂ ਨੂੰ ਹੜ੍ਹ ਵਰਗੀ ਕਿਸੇ ਵੀ ਸਥਿਤੀ ਤੋਂ ਬਚਣ ਲਈ, ਦਰਿਆ ਦੇ ਕਿਨਾਰਿਆਂ ਨੇੜੇ ਜਾਣ ਤੋਂ ਗੁਰੇਜ਼ ਕਰਨ ਅਤੇ ਉੱਚੀਆਂ ਥਾਵਾਂ 'ਤੇ ਰਾਹਤ ਕੈਂਪਾਂ ਵਿੱਚ ਚਲੇ ਜਾਣ ਦੀ ਅਪੀਲ ਕੀਤੀ ਏ।

ਉਨ੍ਹਾਂ ਨੇ ਕਿਹਾ ਕਿ ਹੜ੍ਹ ਸੰਭਾਵਿਤ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਦੀ ਸਹੂਲਤ ਲਈ, ਜ਼ਿਲ੍ਹੇ ਵਿੱਚ 54 ਰਾਹਤ ਕੇਂਦਰ ਸਥਾਪਤ ਕੀਤੇ ਗਏ ਨੇ, ਜਿੱਥੇ ਮੈਡੀਕਲ ਸਹੂਲਤ ਤੋਂ ਇਲਾਵਾ ਲੋਕਾਂ ਨੂੰ ਹਰ ਲੋੜੀਂਦੀ ਸਹਾਇਤਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ 8 ਰਾਹਤ ਕੇਂਦਰ ਮੌਜੂਦਾ ਸਮੇਂ ਕਾਰਜਸ਼ੀਲ ਨੇ , ਜਿੱਥੇ ਅਹਿਤਿਆਤ ਵਜੋਂ ਸੰਵੇਦਨਸ਼ੀਲ ਇਲਾਕਿਆਂ ਦੇ ਵਸਨੀਕਾਂ ਨੂੰ ਤਬਦੀਲ ਕੀਤਾ ਗਿਆ । ਉਨ੍ਹਾਂ ਇੱਥੇ ਰਹਿ ਰਹੇ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਕਿ ਘਬਰਾਉਣ ਦੀ ਲੋੜ ਨਹੀਂ ਏ , ਪੰਜਾਬ ਸਰਕਾਰ ਉਹਨਾਂ ਦੇ ਨਾਲ ਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੜ੍ਹਾਂ ਸਬੰਧੀ ਜਾਣਕਾਰੀ ਅਤੇ ਸਹਾਇਤਾ ਲਈ ਹੜ੍ਹ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਏ , ਜਿਸਦਾ ਹੈਲਪ ਲਾਈਨ ਨੰਬਰ 0181-224-00-64 ਏ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਦੁਕਾਨਦਾਰਾਂ ਨੂੰ

ਪਿਛਲੇ ਦੋ ਦਿਨਾਂ ਤੋਂ ਭਾਰੀ ਬਾਰਿਸ਼ ਦੇ ਮੱਦੇਨਜ਼ਰ ਜ਼ਰੂਰੀ ਵਸਤੂਆਂ ਦੀ ਜਮ੍ਹਾਖੋਰੀ ਅਤੇ ਵੱਧ ਕੀਮਤ ਵਸੂਲਣ ਖਿਲਾਫ ਚੇਤਾਵਨੀ ਦਿੱਤੀ ਏ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਅਜਿਹੇ ਸ਼ੋਸ਼ਣ ਵਾਲੇ ਕੰਮਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਚੇਤਾਵਨੀ ਦਿੱਤੀ ਕਿ ਉਲੰਘਣਾ ਕਰਨ ਵਾਲਿਆਂ ਨੂੰ ਸਖ਼ਤ ਕਾਨੂੰਨੀ ਨਤੀਜੇ ਭੁਗਤਣੇ ਪੈਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜ਼ਰੂਰੀ ਵਸਤੂਆਂ ਦੀ ਸਮੇਂ ਸਿਰ ਵਾਜਬ ਦਰਾਂ 'ਤੇ ਉਪਲਬਧਤਾ ਯਕੀਨੀ ਬਣਾਉਣਾ ਇੱਕ ਸਮੂਹਿਕ ਜ਼ਿੰਮੇਵਾਰੀ ਏ।

---------------------------------------------------------

ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ NDRF ਨੇ ਜਲੰਧਰ ਜ਼ਿਲ੍ਹੇ ਦੇ ਲੋਹਾਰਾ ਪਿੰਡ ਵਿਖੇ ਇੱਕ ਫੈਕਟਰੀ ਵਿੱਚੋਂ ਅੱਠ ਫਸੇ ਮਜ਼ਦੂਰਾਂ ਨੂੰ ਬਚਾਇਆ ਏ। ਲਗਾਤਾਰ ਭਾਰੀ ਬਾਰਿਸ਼ ਕਾਰਨ ਉਨ੍ਹਾਂ ਦੇ ਇਲਾਕੇ ਵਿੱਚ ਪਾਣੀ ਭਰ ਗਿਆ, ਜਿਸ ਕਾਰਨ ਇਹ ਮਜ਼ਦੂਰ ਆਪਣੀ ਫੈਕਟਰੀ ਵਿੱਚ ਫਸ ਗਏ। ਰਾਹਤ ਅਤੇ ਬਚਾਅ ਕਾਰਜਾਂ ਦੀ ਸਮੀਖਿਆ ਕਰਦੇ ਹੋਏ, ਜਲੰਧਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪਿਛਲੇ ਦੋ ਦਿਨਾਂ ਤੋਂ ਲਗਾਤਾਰ ਬਾਰਿਸ਼ ਕਾਰਨ ਨਦੀਆਂ-ਨਾਲਿਆਂ ਵਿਚ

ਪਾਣੀ ਭਰ ਗਿਆ ਏ । ਇਸ ਸਥਿਤੀ ਦੇ ਮੱਦੇਨਜ਼ਰ ਬੀਤੀ ਰਾਤ ਐਨ.ਡੀ.ਆਰ.ਐਫ ਦੀਆਂ ਦੋ ਟੀਮਾਂ ਨੂੰ ਬੁਲਾਇਆ ਗਿਆ ਅਤੇ ਸ਼ਾਹਕੋਟ ਵਿੱਚ ਤਾਇਨਾਤ ਕੀਤਾ ਗਿਆ ਸੀ।

---------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਤੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਰਹੇ ਨੇ। ਅੱਜ ਸਵੇਰੇ ਫਿਰੋਜ਼ਪੁਰ ਦੇ ਆਪਣੇ ਦੌਰੇ ਦੌਰਾਨ, ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੀਟਿੰਗ ਕੀਤੀ ਅਤੇ ਮੌਜੂਦਾ ਹੜ੍ਹ ਸਥਿਤੀ ਦਾ ਜਾਇਜ਼ਾ ਲਿਆ ਅਤੇ ਰਾਹਤ ਕਾਰਜਾਂ ਦੀ ਪ੍ਰਗਤੀ , ਪ੍ਰਭਾਵਿਤ ਲੋਕਾਂ ਦੇ ਮੁੜ ਵਸੇਬੇ ਲਈ ਉਪਰਾਲਿਆਂ ਬਾਰੇ ਚਰਚਾ ਕੀਤੀ ।

ਰਾਜਪਾਲ, ਜ਼ਿਲ੍ਹਾ ਤਰਨਤਾਰਨ ਦੇ ਹੜ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਲਈ ਪੁੱਜੇ । ਇਸ ਦੌਰਾਨ ਉਨ੍ਹਾਂ ਛੱਡੇ ਜਾ ਰਹੇ ਪਾਣੀ ਸਬੰਧੀ ਜ਼ਿਲ੍ਹਾ ਅਧਿਕਾਰੀਆਂ ਤੋਂ ਜਾਣਕਾਰੀ ਹਾਸਿਲ ਕੀਤੀ। ਰਾਜਪਾਲ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕੁਦਰਤੀ ਆਫ਼ਤ ਦੀ ਇਸ ਔਖੀ ਘੜੀ ਮੌਕੇ ਲੋਕਾਂ ਦੀ ਜਾਨ ਤੇ ਮਾਲ ਦੀ ਰਾਖੀ ਕਰਨਾ ਪਹਿਲ ਦੇ ਆਧਾਰ ‘ਤੇ ਯਕੀਨੀ ਬਣਾਇਆ ਜਾਵੇ ਅਤੇ ਪਸ਼ੂਧਨ ਨੂੰ ਵੀ

ਸੁਰੱਖਿਅਤ ਸਥਾਨਾਂ ‘ਤੇ ਪਹੁੰਚਾਇਆ ਜਾਵੇ। ਉਹਨਾਂ ਕਿਹਾ ਕਿ ਜਿੱਥੇ ਬੰਨ੍ਹ ਨੂੰ ਨੁਕਸਾਨ ਪਹੁੰਚਣ ਦਾ ਖਤਰਾ ਏ , ਉਹਨਾਂ ਸਥਾਨਾਂ ਨੂੰ ਮਜ਼ਬੂਤ ਕੀਤਾ ਜਾਵੇ। ਉਹਨਾਂ ਕਿਹਾ ਕਿ ਪੰਜਾਬ ਅਤੇ ਕੇਂਦਰ ਸਰਕਾਰ ਵੱਲੋਂ ਦਰਿਆਈ ਪਾਣੀ ਦੀ ਮਾਰ ਹੇਠ ਆਉਣ ਕਾਰਨ ਫਸਲਾਂ ਅਤੇ ਹੋਰ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਦਾ  ਮੁਲਾਂਕਣ ਕਰਕੇ ਉਚਿਤ ਮੁਆਵਜ਼ਾ ਦਿੱਤਾ ਜਾਵੇਗਾ। ਰਾਜਪਾਲ  ਨੇ ਸਮੂਹ ਜ਼ਿਲ੍ਹਾ ਅਧਿਕਾਰੀਆਂ ਤੇ ਬੀ. ਐੱਸ. ਐੱਫ਼. ਦੇ ਅਫ਼ਸਰਾਂ ਨਾਲ ਵੀ ਵਿਸ਼ੇਸ਼ ਮੀਟਿੰਗ ਕੀਤੀ ਅਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਰਕਾਰ ਵੱਲੋਂ ਚੱਲ ਰਹੇ ਪ੍ਰਬੰਧਾਂ ਸਬੰਧੀ ਜਾਣਕਾਰੀ ਲਈ। ਉਹ ਕੱਲ ਨੂੰ ਅੰਮ੍ਰਿਤਸਰ, ਗੁਰਦਾਸਪੁਰ ਅਤੇ ਪਠਾਨਕੋਟ ਅਤੇ ੪ ਸਤੰਬਰ ਨੂੰ ਹੁਸ਼ਿਆਰਪੁਰ ਅਤੇ ਸ੍ਰੀ ਆਨੰਦਪੁਰ ਸਾਹਿਬ ਦਾ ਦੌਰਾ ਕਰਨਗੇ । ਦੌਰੇ ਦੌਰਾਨ, ਸ੍ਰੀ ਕਟਾਰੀਆ ਪ੍ਰਭਾਵਿਤ ਲੋਕਾਂ ਨੂੰ ਮਿਲਣਗੇ ਅਤੇ ਸਬੰਧਤ ਜ਼ਿਲ੍ਹਿਆਂ ਵਿੱਚ ਚੱਲ ਰਹੇ ਰਾਹਤ ਅਤੇ ਮੁੜ ਵਸੇਬੇ ਦੇ ਉਪਰਾਲਿਆਂ ਦਾ ਜਾਇਜ਼ਾ ਲੈਣਗੇ ।

---

ਹੜ੍ਹਾਂ ਕਾਰਨ ਹੋਏ ਨੁਕਸਾਨ ਲਈ ਲੋਕਾਂ ਨੂੰ ਨਿਗੂਣਾ ਮੁਆਵਜ਼ਾ ਦੇਣ ਉੱਤੇ

ਗੰਭੀਰ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਮੁਆਵਜ਼ੇ ਲਈ ਮਾਪਦੰਡਾਂ ਵਿੱਚ ਸੋਧ ਕੀਤੀ ਜਾਵੇ। ਜ਼ਮੀਨੀ ਹਾਲਾਤ ਦਾ ਜਾਇਜ਼ਾ ਲੈਣ ਲਈ ਫ਼ਿਰੋਜ਼ਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਮੌਕੇ ਪਿੰਡ 'ਗਟੀ ਰਾਜੋ ਕੀ' ਵਿੱਚ ਅਧਿਕਾਰੀਆਂ ਨਾਲ ਕਿਸ਼ਤੀ ਰਾਹੀਂ ਹਾਲਾਤ ਦਾ ਜਾਇਜ਼ਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਕਾਰਨ ਪੱਕਣ ਕੰਢੇ ਪੁੱਜੀਆਂ ਫ਼ਸਲਾਂ ਦਾ ਬਹੁਤ ਵੱਡਾ ਨੁਕਸਾਨ ਹੋਇਆ ਏ । ਓਹਨਾ ਕਿਹਾ ਕਿ ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖਿਆ ਏ ਅਤੇ ਹੜ੍ਹਾਂ ਕਾਰਨ ਮਰਨ ਵਾਲਿਆਂ ਦੇ ਪਰਿਵਾਰਾਂ ਲਈ ਵਿਤੀ ਮਦਦ ਮੌਜੂਦਾ ਚਾਰ ਲੱਖ ਤੋਂ ਵਧਾ ਕੇ ਅੱਠ ਲੱਖ ਰੁਪਏ ਤੱਕ ਕਰਨ ਲਈ ਦਖ਼ਲ ਦੇਣ ਦੀ ਮੰਗ ਕੀਤੀ ਏ । ਮੁੱਖ ਮੰਤਰੀ ਨੇ ਕਿਹਾ ਕਿ ਪਸ਼ੂ ਧੰਨ ਦਾ ਵੀ ਬਹੁਤ ਨੁਕਸਾਨ ਹੋਇਆ ਹੈ, ਜਿਸ ਨਾਲ ਪੇਂਡੂ ਆਰਥਿਕਤਾ ਉੱਤੇ ਬਹੁਤ ਮਾੜਾ ਅਸਰ ਪਵੇਗਾ ਕਿਉਂਕਿ ਜ਼ਿਆਦਾਤਰ ਲੋਕਾਂ ਦੀ ਰੋਜ਼ੀ-ਰੋਟੀ ਡੇਅਰੀ ਦੇ ਕਿੱਤੇ ਅਤੇ ਪਸ਼ੂ ਪਾਲਣ ਨਾਲ ਜੁੜੀ ਹੋਈ ਏ । ਜ਼ਿਕਰਯੋਗ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਪੰਜਾਬ ਦੇ ਮੁੱਖ ਮੰਤਰੀ

ਭਗਵੰਤ ਮਾਨ ਨਾਲ ਗੱਲਬਾਤ ਕੀਤੀ ਅਤੇ ਪੰਜਾਬ ਵਿੱਚ ਮੀਂਹ ਅਤੇ ਹੜ੍ਹਾਂ ਕਾਰਨ ਪੈਦਾ ਹੋਈ ਸਥਿਤੀ ਬਾਰੇ ਚਰਚਾ ਕੀਤੀ। ਸਰਕਾਰੀ ਹਲਕਿਆਂ ਮੁਤਾਬਿਕ, ਚੀਨ ਤੋਂ ਦਿੱਲੀ ਪਹੁੰਚਣ ਤੋਂ ਫੌਰਨ ਬਾਅਦ, ਸ਼੍ਰੀ ਮੋਦੀ ਨੇ, ਪੰਜਾਬ ਦੇ ਮੁੱਖ ਮੰਤਰੀ ਨੂੰ ਫ਼ੋਨ ਕੀਤਾ ਅਤੇ ਸੂਬੇ ਨੂੰ ਹਰ ਸੰਭਵ ਮਦਦ ਅਤੇ ਹਮਾਇਤ ਦਾ ਭਰੋਸਾ ਦਿੱਤਾ।

-----------------------------------------------------------

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਅਤੇ ਜੰਮੂ-ਕਸ਼ਮੀਰ ਵਿੱਚ ਭਾਰੀ ਬਾਰਿਸ਼ ਅਤੇ ਹੜ੍ਹਾਂ ਕਾਰਨ ਪੈਦਾ ਹੋਈ ਸਥਿਤੀ ਬਹੁਤ ਦੁਖਦਾਈ ਏ  ਅਤੇ ਮਦਦ ਵਧਾਈ ਜਾ ਰਹੀ ਏ । ਉਨ੍ਹਾਂ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਹਰਿਆਣਾ ਸਰਕਾਰ ਅਤੇ ਸੂਬੇ ਦੇ ਲੋਕ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਨੇ । ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਪੰਜਾਬ ਅਤੇ ਜੰਮੂ-ਕਸ਼ਮੀਰ ਨੂੰ 5-5 ਕਰੋੜ ਰੁਪਏ ਦੀ ਸਹਾਇਤਾ ਭੇਜੀ ਗਈ ਏ । ਇਹ ਮਦਦ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਮਦਦਗਾਰ ਹੋਵੇਗੀ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਜਲਦੀ ਸਹਾਇਤਾ ਪ੍ਰਦਾਨ ਕਰਨ ਵਿੱਚ ਮਦਦ ਕਰੇਗੀ। ਹਰਿਆਣਾ ਸਰਕਾਰ ਦੀ

ਕੋਸ਼ਿਸ਼ ਏ ਕਿ ਲੋੜ ਪੈਣ 'ਤੇ ਭਵਿੱਖ ਵਿੱਚ ਵੀ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਸਾਰੇ ਪ੍ਰਭਾਵਿਤ ਪਰਿਵਾਰਾਂ ਨੂੰ ਭਰੋਸਾ ਦਵਾਇਆ ਕਿ ਹਰਿਆਣਾ ਉਨ੍ਹਾਂ ਦੀ ਮਦਦ ਲਈ ਹਮੇਸ਼ਾ ਤਿਆਰ ਰਹੇਗਾ।

---------------------------------------------------------

ਪੰਜਾਬ ਪੁਲਿਸ ਨੇ ਜੈਸ਼-ਏ-ਮੁਹੰਮਦ ਨਾਲ ਜੁੜੇ ਇੱਕਦ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਜੰਮੂ-ਕਸ਼ਮੀਰ ਤੋਂ ਦੋ ਭਰਾਵਾਂ ਨੂੰ ਉਨ੍ਹਾਂ ਦੇ ਸਾਥੀ ਸਮੇਤ ਗ੍ਰਿਫ਼ਤਾਰ ਕੀਤਾ ਏ। ਦੋਵੇਂ ਭਰਾ ਜੈਸ਼-ਏ-ਮੁਹੰਮਦ ਦੇ ਓਵਰ ਗਰਾਊਂਡ ਵਰਕਰ ਨੇ। ਉਹ ਚੰਡੀਗੜ੍ਹ ਨੇੜੇ ਮੋਹਾਲੀ ਵਿੱਚ ਇੱਕ ਕੈਬ ਡਰਾਈਵਰ ਦੇ ਅਗਵਾ ਅਤੇ ਕਤਲ ਦੇ ਇੱਕ ਪੁਰਾਣੇ ਮਾਮਲੇ ਵਿੱਚ ਸ਼ਾਮਲ ਸਨ। ਉਨ੍ਹਾਂ ਨੇ ਬੰਦੂਕ ਦੀ ਨੋਕ 'ਤੇ ਕੈਬ ਕਿਰਾਏ 'ਤੇ ਲਈ ਅਤੇ ਉਸ ਨਾਲ ਝਗੜੇ ਤੋਂ ਬਾਅਦ ਇਸਦੇ ਡਰਾਈਵਰ ਦੀ ਹੱਤਿਆ ਕਰ ਦਿੱਤੀ। ਇਨਾ ਵਿੱਚੋਂ ਇੱਕ, ਸਾਹਿਲ ਬਸ਼ੀਰ, ਜੰਮੂ-ਕਸ਼ਮੀਰ ਦੇ ਹੰਦਵਾੜਾ ਦੇ ਕਲਾਮਾਬਾਦ ਪੁਲਿਸ ਸਟੇਸ਼ਨ ਵਿੱਚ ਦਰਜ ਗਈ ਕਾਨੂੰਨੀ ਗਤੀਵਿਧੀਆਂ ਦੀ ਰੋਕਥਾਮ ਬਾਰੇ ਐਕਟ ਅਤੇ ਅਸਲਾ ਐਕਟ ਦੇ ਇੱਕ

ਮਾਮਲੇ ਵਿੱਚ ਲੋੜੀਂਦਾ ਵਿਅਕਤੀ ਏ। ਉਸਦੇ ਭਰਾ ਐਜਾਜ਼ ਅਹਿਮਦ ਨੂੰ ਪਹਿਲਾਂ ਜੈਸ਼-ਏ-ਮੁਹੰਮਦ ਨਾਲ ਜੁੜੇ ਹਥਿਆਰਾਂ ਅਤੇ ਸਮੱਗਰੀ ਦੇ ਖੇਪ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ। ਡਰਾਈਵਰ ਦੀ ਮ੍ਰਿਤਕ ਦੇਹ ਨੂੰ ਬਰਾਮਦ ਕਰਨ ਲਈ ਤੀਬਰ ਖੋਜ ਮੁਹਿੰਮ ਚਲਾਈ ਜਾ ਰਹੀ ਏ ਜਿਸਨੂੰ ਉਨ੍ਹਾਂ ਨੇ ਮੋਹਾਲੀ ਜ਼ਿਲ੍ਹੇ ਵਿੱਚ ਕਿਤੇ ਸੁੱਟ ਦਿੱਤਾ ਸੀ।

----------------------------------------------------------------

ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਲਾਰੈਂਸ ਬਿਸ਼ਨੋਈ ਗੈਂਗ ਦੇ ਦੋ ਸਾਥੀਆਂ ਨੂੰ, ਗੈਰ-ਕਾਨੂੰਨੀ ਹਥਿਆਰਾਂ ਸਮੇਤ ਗ੍ਰਿਫਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮੋਗਾ ਦੇ ਗੁਰਦੀਪ ਸਿੰਘ ਅਤੇ ਜਗਰਾਉਂ ਦੇ ਗੁਰਸੇਵਕ ਸਿੰਘ ਉਰਫ ਮੋਟਾ ਵਜੋਂ ਹੋਈ ਏ। ਇਨਾ ਕੋਲੋਂ 5 ਪਿਸਤੌਲ ਅਤੇ 10 ਮੈਗਜ਼ੀਨ ਬਰਾਮਦ ਕੀਤੇ ਗਏ ਨੇ। ਡੀ.ਜੀ.ਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫਤਾਰ ਕੀਤੇ ਗਏ ਦੋਵੇਂ ਵਿਅਕਤੀ ਬਿਸ਼ਨੋਈ ਗਿਰੋਹ ਨਾਲ ਜੁੜੇ ਹੋਏ ਨੇ ਅਤੇ ਇਸਦੀਆਂ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਵਿੱਚ ਸਰਗਰਮੀ ਨਾਲ ਸ਼ਾਮਲ ਨੇ। ਉਨਾਂ

ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਏ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਆਸ ਏ ।

---------------------------------------------------------------

ਆਮ ਆਦਮੀ ਪਾਰਟੀ ਦੇ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਨ-ਮਾਜਰਾ ਗ੍ਰਿਫ਼ਤਾਰੀ ਤੋਂ ਬਚ ਕੇ ਉਹ ਵੇਲੇ ਭੱਜ ਗਏ ਜਦੋਂ ਪੰਜਾਬ ਪੁਲਿਸ ਨੇ ਹਰਿਆਣਾ ਪੁਲਿਸ ਨਾਲ ਮਿਲ ਕੇ, ਕਰਨਾਲ ਦੇ ਇੱਕ ਪਿੰਡ ਵਿੱਚ ਉਨ੍ਹਾਂ ਦੇ ਦੋਸਤ ਦੇ ਘਰ ਛਾਪਾ ਮਾਰਿਆ ਜਿੱਥੇ ਪਠਾਨ-ਮਾਜਰਾ ਮੌਜੂਦ ਸਨ । ਪੰਜਾਬ ਪੁਲਿਸ ਇੱਕ ਕਥਿਤ ਜਬਰ ਜਨਾਹ ਦੇ ਮਾਮਲੇ ਵਿੱਚ ਉਨ੍ਹਾਂ ਨੂੰ ਹਿਰਾਸਤ ਵਿੱਚ ਲੈਣ ਲਈ ਉੱਥੇ ਗਈ ਸੀ। ਉਨ੍ਹਾਂ ਨੂੰ ਗ੍ਰਿਫਤਾਰ ਕਰਨ ਗਈ ਪੁਲਿਸ ਪਾਰਟੀ ਦਾ ਹਿੱਸਾ ਰਹੇ ਪੰਜਾਬ ਪੁਲਿਸ ਦੇ ਅਧਿਕਾਰੀ  ਨੇ ਕਿਹਾ ਕਿ ਪੁਲਿਸ, ਵਿਧਾਇਕ ਨੂੰ ਗ੍ਰਿਫਤਾਰ ਕਰਨ ਦੇ ਪਿੱਛੇ ਏ ।

**BYTE**

ਇਸ ਤੋਂ ਪਹਿਲਾਂ, ਪਠਾਨਮਾਜਰਾ ਨੇ ਐਤਵਾਰ ਨੂੰ ਆਪਣੀ ਹੀ ਆਮ ਆਦਮੀ ਪਾਰਟੀ ਸਰਕਾਰ ਨੂੰ ਦੋਸ਼ੀ ਠਹਿਰਾਉਂਦੇ ਹੋਏ ਦੋਸ਼ ਲਗਾਇਆ ਸੀ ਕਿ ਸਿੰਚਾਈ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਅਤੇ ਰਾਜ ਸਰਕਾਰ ਨੇ ਦਰਿਆਵਾਂ ਦੇ ਤਲ ਨੂੰ ਸਾਫ਼ ਕਰਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ, ਜਿਸ ਕਾਰਨ ਸਨੌਰ ਹਲਕੇ ਦੇ ਕੁਝ ਪਿੰਡਾਂ ਵਿੱਚ ਅੰਸ਼ਕ ਤੌਰ 'ਤੇ ਹੜ੍ਹ ਆ ਗਿਆ ਸੀ।

------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਭਾਰਤ ਇੱਕ ਮਜ਼ਬੂਤ ਸੈਮੀ-ਕੰਡਕਟਰ ਈਕੋਸਿਸਟਮ ਬਣਾ ਰਿਹਾ ਏ, ਜੋ ਦੇਸ਼ ਨੂੰ ਆਤਮ-ਨਿਰਭਰ ਅਤੇ ਆਲਮੀ ਪੱਧਰ 'ਤੇ ਮੁਕਾਬਲੇ ਵਾਲਾ ਬਣਾਏਗਾ।
- ਮੌਸਮ ਵਿਭਾਗ ਵਲੋਂ ਪੰਜਾਬ ਵਿੱਚ ਕਈ ਥਾਵਾਂ 'ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦੀ ਚੇਤਾਵਨੀ-

- ਭਾਖੜਾ ਡੈਮ ਤੇ ਰੋਪੜ ਹੈੱਡ ਵਰਕਸ ਸਮੇਤ ਵੱਖ-ਵੱਖ ਡੈਮਾਂ ਤੋਂ ਪਾਣੀ ਛੱਡਣ ਅਤੇ ਭਾਰੀ ਬਾਰਿਸ਼ ਨਾਲ ਪਟਿਆਲਾ ਅਤੇ ਜਲੰਧਰ ਦੇ ਕੁਝ ਹਿੱਸੇ ਵੀ ਪ੍ਰਭਾਵਿਤ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਫਿਰੋਜ਼ਪੁਰ ਅਤੇ ਤਰਨਤਾਰਨ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ- ਜ਼ਿਲ੍ਹਾ ਅਧਿਕਾਰੀਆਂ ਤੇ BSF ਅਫ਼ਸਰਾਂ ਨਾਲ ਕੀਤੀ ਵਿਸ਼ੇਸ਼ ਮੀਟਿੰਗ।
- ਪੰਜਾਬ ਦੇ ਮੁੱਖ ਮੰਤਰੀ ਵੱਲੋਂ ਕੇਂਦਰ ਸਰਕਾਰ ਤੋਂ ਕੁਦਰਤੀ ਆਫ਼ਤਾਂ ਕਾਰਨ ਹੋਏ ਨੁਕਸਾਨ ਦਾ ਮੁਆਵਜ਼ਾ ਵਧਾਉਣ ਦੀ ਮੰਗ।
- ਪੰਜਾਬ ਪੁਲਿਸ ਨੇ ਜੈਸ਼-ਏ-ਮੁਹੰਮਦ ਨਾਲ ਜੁੜੇ ਇੱਕਦ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਜੰਮੂ-ਕਸ਼ਮੀਰ ਤੋਂ ਦੋ ਭਰਾਵਾਂ ਨੂੰ ਉਨ੍ਹਾਂ ਦੇ ਸਾਥੀ ਸਮੇਤ ਕੀਤਾ ਗ੍ਰਿਫ਼ਤਾਰ

ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ, ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ ਸ਼ਾਮ ਸਾਢੇ 7 ਵਜੇ .

ਨਮਸਕਾਰ